ਰਾਗੁ ਮਾਲੀ ਗਉੜਾ ਮਹਲਾ ੪

# ੧ਓ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਅਨਿਕ ਜਤਨ ਕਰਿ ਰਹੇ ਹਰਿ ਅੰਤੁ ਨਾਹੀ ਪਾਇਆ ॥ ਹਰਿ ਅਗਮ ਅਗਮ ਅਗਾਧਿ ਬੋਧਿ ਆਦੇਸੁ ਹਰਿ ਪ੍ਰਭ ਰਾਇਆ ॥ ੧ ॥ ਰਹਾਉ ॥ ਕਾਮੁ ਕ੍ਰੋਧੁ ਲੋਭੁ ਮੋਹੁ ਨਿਤ ਝਗਰਤੇ ਝਗਰਾਇਆ ॥ ਹਮ ਰਾਖੁ ਰਾਖੁ ਦੀਨ ਤੇਰੇ ਹਰਿ ਸਰਨਿ ਹਰਿ ਪ੍ਰਭ ਆਇਆ ॥ ੧ ॥ ਸਰਣਾਗਤੀ ਪ੍ਰਭ ਪਾਲਤੇ ਹਰਿ ਭਗਤਿ ਵਛਲੁ ਨਾਇਆ ॥ ਪ੍ਰਹਿਲਾਦੁ ਜਨੁ ਹਰਨਾਖਿ ਪਕਰਿਆ ਹਰਿ ਰਾਖਿ ਲੀਓ ਤਰਾਇਆ ॥ ੨ ॥ ਹਰਿ ਚੇਤਿ ਰੇ ਮਨ ਮਹਲੁ ਪਾਵਣ ਸਭ ਦੂਖ ਭੰਜਨੁ ਰਾਇਆ ॥ ਭਉ ਜਨਮ ਮਰਨ ਨਿਵਾਰਿ ਠਾਕੁਰ ਹਰਿ ਗੁਰਮਤੀ ਪ੍ਰਭੁ ਪਾਇਆ ॥ ੩ ॥ ਹਰਿ ਪਤਿਤ ਪਾਵਨ ਨਾਮੁ ਸੁਆਮੀ ਭਉ ਭਗਤ ਭੰਜਨੁ ਗਾਇਆ ॥ ਹਰਿ ਹਾਰੁ ਹਰਿ ਉਰਿ ਧਾਰਿਓ ਜਨ ਨਾਨਕ ਨਾਮਿ ਸਮਾਇਆ ॥ ੪ ॥ ੧ ॥ ਮਾਲੀ ਗਉੜਾ ਮਹਲਾ ੪ ॥ ਜਪਿ ਮਨ ਰਾਮ ਨਾਮੁ ਸੁਖਦਾਤਾ ॥ ਸਤਸੰਗਤਿ ਮਿਲਿ ਹਰਿ ਸਾਦੁ ਆਇਆ ਗੁਰਮੁਖਿ ਬ੍ਰਹਮੁ ਪਛਾਤਾ ॥ ੧ ॥ ਰਹਾਉ ॥ ਵਡਭਾਗੀ ਗੁਰ ਦਰਸਨੁ ਪਾਇਆ ਗੁਰਿ ਮਿਲਿਐ ਹਰਿ ਪ੍ਰਭੁ ਜਾਤਾ ॥ ਦੁਰਮਤਿ ਮੈਲੁ ਗਈ ਸਭੁ ਨੀਕਰਿ ਹਰਿ ਅੰਮ੍ਰਿਤਿ ਹਰਿ ਸਰਿ ਨਾਤਾ ॥ ੧ ॥ ਧਨੁ ਧਨੁ ਸਾਧੁ ਜਿਨੀ ਹਰਿ ਪ੍ਰਭੁ ਪਾਇਆ ਤਿਨੑ ਪੂਛਉ ਹਰਿ ਕੀ ਬਾਤਾ ॥ ਪਾਇ ਲਗਉ ਨਿਤ ਕਰਉ ਜੁਦਰੀਆ ਹਰਿ ਮੇਲਹੁ ਕਰਮਿ ਬਿਧਾਤਾ ॥ ੨ ॥ ਲਿਲਾਟ ਲਿਖੇ ਪਾਇਆ ਗੁਰੁ ਸਾਧੂ ਗੁਰ ਬਚਨੀ ਮਨੁ ਤਨੁ ਰਾਤਾ ॥ ਹਰਿ ਪ੍ਰਭ ਆਇ ਮਿਲੇ ਸੁਖੁ ਪਾਇਆ ਸਭ ਕਿਲਵਿਖ ਪਾਪ ਗਵਾਤਾ ॥ ੩ ॥ ਰਾਮ ਰਸਾਇਣੁ ਜਿਨੑ ਗੁਰਮਤਿ ਪਾਇਆ ਤਿਨੑ ਕੀ ਊਤਮ ਬਾਤਾ ॥ ਤਿਨ ਕੀ ਪੰਕ ਪਾਈਐ ਵਡਭਾਗੀ ਜਨ ਨਾਨਕੁ ਚਰਨਿ ਪਰਾਤਾ ॥ ੪ ॥ ੨ ॥

ਮਾਲੀ ਗਉੜਾ ਮਹਲਾ ੪ ॥ ਸਭਿ ਸਿਧ ਸਾਧਿਕ ਮੁਨਿ ਜਨਾ ਮਨਿ ਭਾਵਨੀ ਹਰਿ ਧਿਆਇਓ ॥ ਅਪਰੰਪਰੋ ਪਾਰਬ੍ਰਹਮੁ ਸੁਆਮੀ ਹਰਿ ਅਲਖੁ ਗੁਰੂ ਲਖਾਇਓ ॥ ੧ ॥ ਰਹਾਉ ॥ ਹਮ ਨੀਚ ਮਧਿਮ ਕਰਮ ਕੀਏ ਨਹੀ ਚੇਤਿਓ ਹਰਿ ਰਾਇਓ ॥ ਹਰਿ ਆਨਿ ਮੇਲਿਓ ਸਤਿਗੁਰੂ ਖਿਨੁ ਬੰਧ ਮੁਕਤਿ ਕਰਾਇਓ ॥ ੧ ॥ ਪ੍ਰਭਿ ਮਸਤਕੇ ਧੁਰਿ ਲੀਖਿਆ ਗੁਰਮਤੀ ਹਰਿ ਲਿਵ ਲਾਇਓ ॥ ਪੰਚ ਸਬਦ ਦਰਗਹ ਬਾਜਿਆ ਹਰਿ ਮਿਲਿਓ ਮੰਗਲੁ ਗਾਇਓ ॥ ੨ ॥ ਪਤਿਤ ਪਾਵਨੁ ਨਾਮੁ ਨਰਹਰਿ ਮੰਦਭਾਗੀਆਂ ਨਹੀ ਭਾਇਓ ॥ ਤੇ ਗਰਭ ਜੋਨੀ ਗਾਲੀਅਹਿ ਜਿਉ ਲੋਨੁ ਜਲਹਿ ਗਲਾਇਓ ॥ ੩ ॥ ਮਤਿ ਦੇਹਿ ਹਰਿ ਪ੍ਰਭ ਅਗਮ ਠਾਕੁਰ ਗੁਰ ਚਰਨ ਮਨੁ ਮੈ ਲਾਇਓ ॥ ਹਰਿ ਰਾਮ ਨਾਮੈ ਰਹਉ ਲਾਗੋ ਜਨ ਨਾਨਕ ਨਾਮਿ ਸਮਾਇਓ ॥ ੪ ॥ ੩ ॥ ਮਾਲੀ ਗਉੜਾ ਮਹਲਾ ੪ ॥ ਮੇਰਾ ਮਨੁ ਰਾਮ ਨਾਮਿ ਰਸਿ ਲਾਗਾ ॥ ਕਮਲ ਪ੍ਰਗਾਸੁ ਭਇਆ ਗੁਰੁ ਪਾਇਆ ਹਰਿ ਜਪਿਓ ਭ੍ਰਮੁ ਭਉ ਭਾਗਾ ॥ ੧ ॥ ਰਹਾਉ ॥ ਭੈ ਭਾਇ ਭਗਤਿ ਲਾਗੋ ਮੇਰਾ ਹੀਅਰਾ ਮਨੁ ਸੋਇਓ ਗੁਰਮਤਿ ਜਾਗਾ ॥ ਕਿਲਬਿਖ ਖੀਨ ਭਏ ਸਾਂਤਿ ਆਈ ਹਰਿ ਉਰ ਧਾਰਿਓ ਵਡਭਾਗਾ ॥ ੧ ॥ ਮਨਮੁਖੁ ਰੰਗੁ ਕਸੁੰਭੁ ਹੈ ਕਚੂਆ ਜਿਉ ਕੁਸਮ ਚਾਰਿ ਦਿਨ ਚਾਗਾ ॥ ਖਿਨ ਮਹਿ ਬਿਨਸਿ ਜਾਇ ਪਰਤਾਪੈ ਡੰਡੁ ਧਰਮ ਰਾਇ ਕਾ ਲਾਗਾ ॥ ੨ ॥ ਸਤਸੰਗਤਿ ਪ੍ਰੀਤਿ ਸਾਧ ਅਤਿ ਗੂੜੀ ਜਿਉ ਰੰਗੁ ਮਜੀਠ ਬਹੁ ਲਾਗਾ ॥ ਕਾਇਆ ਕਾਪਰੁ ਚੀਰ ਬਹੁ ਫਾਰੇ ਹਰਿ ਰੰਗੁ ਨ ਲਹੈ ਸਭਾਗਾ ॥ ੩ ॥ ਹਰਿ ਚਾਰ੍ਹਿਓ ਰੰਗੁ ਮਿਲੈ ਗੁਰੁ ਸੋਭਾ ਹਰਿ ਰੰਗਿ ਚਲੂਲੈ ਰਾਂਗਾ ॥ ਜਨ ਨਾਨਕੁ ਤਿਨ ਕੇ ਚਰਨ ਪਖਾਰੈ ਜੋ ਹਰਿ ਚਰਨੀ ਜਨੁ ਲਾਗਾ ॥ ੪ ॥ ੪ ॥ ਮਾਲੀ ਗਉੜਾ ਮਹਲਾ ੪ ॥ ਮੇਰੇ ਮਨ ਭਜੁ ਹਰਿ ਹਰਿ ਨਾਮੁ ਗੁਪਾਲਾ ॥ ਮੇਰਾ ਮਨੁ ਤਨੁ ਲੀਨੁ ਭਇਆ ਰਾਮ ਨਾਮੈ ਮਤਿ ਗੁਰਮਤਿ ਰਾਮ ਰਸਾਲਾ ॥ ੧ ॥ ਰਹਾਉ ॥ ਗੁਰਮਤਿ ਨਾਮੁ ਧਿਆਈਐ ਹਰਿ ਹਰਿ ਮਨਿ ਜਪੀਐ ਹਰਿ ਜਪਮਾਲਾ ॥ ਜਿਨ੍ ਕੈ ਮਸਤਕਿ ਲੀਖਿਆ ਹਰਿ ਮਿਲਿਆ ਹਰਿ ਬਨਮਾਲਾ ॥ ੧ ॥ ਜਿਨ੍ ਹਰਿ ਨਾਮੁ ਧਿਆਇਆ ਤਿਨ੍ ਚੂਕੇ ਸਰਬ ਜੰਜਾਲਾ ॥ ਤਿਨ੍ ਜਮੁ ਨੇੜਿ ਨ ਆਵਈ ਗੁਰਿ ਰਾਖੇ ਹਰਿ ਰਖਵਾਲਾ ॥ ੨ ॥ ਹਮ ਬਾਰਿਕ ਕਿਛੂ ਨ ਜਾਣਹੂ ਹਰਿ ਮਾਤ ਪਿਤਾ ਪ੍ਰਤਿਪਾਲਾ ॥ ਕਰੁ ਮਾਇਆ ਅਗਨਿ ਨਿਤ ਮੇਲਤੇ ਗੁਰਿ ਰਾਖੇ ਦੀਨ ਦਇਆਲਾ ॥ ੩ ॥ ਬਹੁ ਮੈਲੇ ਨਿਰਮਲ ਹੋਇਆ ਸਭ ਕਿਲਬਿਖ ਹਰਿ ਜਸਿ ਜਾਲਾ ॥ ਮਨਿ ਅਨਦੁ ਭਇਆ ਗੁਰੁ ਪਾਇਆ ਜਨ ਨਾਨਕ ਸਬਦਿ ਨਿਹਾਲਾ ॥ ੪ ॥ ੫ ॥ ਮਾਲੀ ਗਉੜਾ ਮਹਲਾ ੪ ॥

ਮੇਰ ਮਨ ਹਰਿ ਭਜੁ ਸਭ ਕਿਲਬਿਖ ਕਾਟ ॥ ਹਰਿ ਹਰਿ ਉਰ ਧਾਰਿਓ ਗੁਰਿ ਪੂਰੈ ਮੇਰਾ ਸੀਸੁ ਕੀਜੈ ਗੁਰ ਵਾਟ ॥ ੧ ॥ ਰਹਾਉ ॥ ਮੇਰੇ ਹਰਿ ਪ੍ਰਭ ਕੀ ਮੈ ਬਾਤ ਸੁਨਾਵੈ ਤਿਸੁ ਮਨੁ ਦੇਵਉ ਕਟਿ ਕਾਟ ॥ ਹਰਿ ਸਾਜਨੁ ਮੇਲਿਓ ਗੁਰਿ ਪੂਰੈ ਗੁਰ ਬਚਨਿ ਬਿਕਾਨੋ ਹਟਿ ਹਾਟ ॥ ੧ ॥ ਮਕਰ ਪ੍ਰਾਗਿ ਦਾਨੁ ਬਹੁ ਕੀਆ ਸਰੀਰੁ ਦੀਓ ਅਧ ਕਾਟਿ ॥ ਬਿਨੁ ਹਰਿ ਨਾਮ ਕੋ ਮੁਕਤਿ ਨ ਪਾਵੈ ਬਹੁ ਕੰਚਨੁ ਦੀਜੈ ਕਟਿ ਕਾਟ ॥ ੨ ॥ ਹਰਿ ਕੀਰਤਿ ਗੁਰਮਤਿ ਜਸੁ ਗਾਇਓ ਮਨਿ ਉਘਰੇ ਕਪਟ ਕਪਾਟ ॥ ਤ੍ਰਿਕੁਟੀ ਫੋਰਿ ਭਰਮੁ ਭਉ ਭਾਗਾ ਲਜ ਭਾਨੀ ਮਟੁਕੀ ਮਾਟ ॥ ੩ ॥ ਕਲਜੁਗਿ ਗੁਰੁ ਪੂਰਾ ਤਿਨ ਪਾਇਆ ਜਿਨ ਧੁਰਿ ਮਸਤਕਿ ਲਿਖੇ ਲਿਲਾਟ ॥ ਜਨ ਨਾਨਕ ਰਸੁ ਅੰਮ੍ਰਿਤੁ ਪੀਆ ਸਭ ਲਾਥੀ ਭੂਖ ਤਿਖਾਟ ॥ ੪ ॥ ੬ ॥ ਛਕਾ ੧ ॥

ਮਾਲੀ ਗਉੜਾ ਮਹਲਾ ੫

ੴ ਸਤਿਗੁਰ ਪ੍ਰਸਾਦਿ ॥ ਰੇ ਮਨ ਟਹਲ ਹਰਿ ਸੁਖ ਸਾਰ ॥ ਅਵਰ ਟਹਲਾ ਝੂਠੀਆ ਨਿਤ ਕਰੈ ਜਮੁ ਸਿਰਿ ਮਾਰ ॥ ੧ ॥ ਰਹਾਉ ॥ ਜਿਨਾ ਮਸਤਕਿ ਲੀਖਿਆ ਤੇ ਮਿਲੇ ਸੰਗਾਰ ॥ ਸੰਸਾਰੁ ਭਉਜਲੁ ਤਾਰਿਆ ਹਰਿ ਸੰਤ ਪੁਰਖ ਅਪਾਰ ॥ ੧ ॥ ਨਿਤ ਚਰਨ ਸੇਵਹੁ ਸਾਧ ਕੇ ਤਜਿ ਲੋਭ ਮੋਹ ਬਿਕਾਰ ॥ ਸਭ ਤਜਹੁ ਦੂਜੀ ਆਸੜੀ ਰਖੁ ਆਸ ਇਕ ਨਿਰੰਕਾਰ ॥ ੨ ॥ ਇਕਿ ਭਰਮਿ ਭੂਲੇ ਸਾਕਤਾ ਬਿਨੁ ਗੁਰ ਅੰਧ ਅੰਧਾਰ ॥ ਧੁਰਿ ਹੋਵਨਾ ਸੁ ਹੋਇਆ ਕੋ ਨ ਮੇਟਣਹਾਰ ॥ ੩ ॥ ਅਗਮ ਰੂਪੁ ਗੋਬਿੰਦ ਕਾ ਅਨਿਕ ਨਾਮ ਅਪਾਰ ॥ ਧਨੁ ਧੰਨੁ ਤੇ ਜਨ ਨਾਨਕਾ ਜਿਨ ਹਰਿ ਨਾਮਾ ਉਰਿ ਧਾਰ ॥ ੪ ॥ ੧ ॥ ਮਾਲੀ ਗਉੜਾ ਮਹਲਾ ੫ ॥ ਰਾਮ ਨਾਮ ਕਉ ਨਮਸਕਾਰ ॥ ਜਾਸੁ ਜਪਤ ਹੋਵਤ ਉਧਾਰ ॥ ੧ ॥ ਰਹਾਉ ॥ ਜਾ ਕੈ ਸਿਮਰਨਿ ਮਿਟਹਿ ਧੰਧ ॥ ਜਾ ਕੈ ਸਿਮਰਨਿ ਛੂਟਹਿ ਬੰਧ ॥ ਜਾ ਕੈ ਸਿਮਰਨਿ ਮੂਰਖ ਚਤੁਰ ॥ ਜਾ ਕੈ ਸਿਮਰਨਿ ਕੁਲਹ ਉਧਰ ॥ ੧ ॥ ਜਾ ਕੈ ਸਿਮਰਨਿ ਭਉ ਦੁਖ ਹਰੈ ॥ ਜਾ ਕੈ ਸਿਮਰਨਿ ਅਪਦਾ ਟਰੈ ॥ ਜਾ ਕੈ ਸਿਮਰਨਿ ਮੁਚਤ ਪਾਪ ॥ ਜਾ ਕੈ ਸਿਮਰਨਿ ਨਹੀ ਸੰਤਾਪ ॥ ੨ ॥ ਜਾ ਕੈ ਸਿਮਰਨਿ ਰਿਦ ਬਿਗਾਸ ॥ ਜਾ ਕੈ ਸਿਮਰਨਿ ਕਵਲਾ ਦਾਸਿ ॥ ਜਾ ਕੈ ਸਿਮਰਨਿ ਨਿਧਿ ਨਿਧਾਨ ॥ ਜਾ ਕੈ ਸਿਮਰਨਿ ਤਰੇ ਨਿਦਾਨ ॥ ੩ ॥ ਪਤਿਤ ਪਾਵਨੁ ਨਾਮੁ ਹਰੀ ॥ ਕੋਟਿ ਭਗਤ ਉਧਾਰੁ ਕਰੀ ॥ ਹਰਿ ਦਾਸ ਦਾਸਾ ਦੀਨੁ ਸਰਨ ॥ ਨਾਨਕ ਮਾਥਾ ਸੰਤ ਚਰਨ ॥ ੪ ॥ ੨ ॥ ਮਾਲੀ ਗਉੜਾ ਮਹਲਾ ੫ ॥ ਐਸੋ ਸਹਾਈ ਹਰਿ ਕੋ ਨਾਮ ॥ ਸਾਧਸੰਗਤਿ ਭਜੁ ਪੂਰਨ ਕਾਮ ॥ ੧ ॥ ਰਹਾਉ ॥ ਬੂਡਤ ਕਉ ਜੈਸੇ ਬੇੜੀ

ਮਿਲਤ ॥ ਬੂਝਤ ਦੀਪਕ ਮਿਲਤ ਤਿਲਤ ॥ ਜਲਤ ਅਗਨੀ ਮਿਲਤ ਨੀਰ ॥ ਜੈਸੇ ਬਾਰਿਕ ਮੁਖਹਿ ਖੀਰ ॥ ੧ ॥ ਜੈਸੇ ਰਣ ਮਹਿ ਸਖਾ ਭ੍ਰਾਤ ॥ ਜੈਸੇ ਭੂਖੇ ਭੋਜਨ ਮਾਤ ॥ ਜੈਸੇ ਕਿਰਖਹਿ ਬਰਸ ਮੇਘ ॥ ਜੈਸੇ ਪਾਲਨ ਸਰਨਿ ਸੇਂਘ ॥ ੨ ॥ ਗਰੁੜ ਮੁਖਿ ਨਹੀ ਸਰਪ ਤ੍ਰਾਸ ॥ ਸੂਆ ਪਿੰਜਰਿ ਨਹੀ ਖਾਇ ਬਿਲਾਸੁ ॥ ਜੈਸੋ ਆਂਡੋ ਹਿਰਦੇ ਮਾਹਿ ॥ ਜੈਸੋ ਦਾਨੋ ਚਕੀ ਦਰਾਹਿ ॥ ੩ ॥ ਬਹੁਤੁ ਓਪਮਾ ਥੋਰ ਕਹੀ ॥ ਹਰਿ ਅਗਮ ਅਗਮ ਅਗਾਧਿ ਤੁਹੀ ॥ ਊਚ ਮੂਚੌ ਬਹੁ ਅਪਾਰ ॥ ਸਿਮਰਤ ਨਾਨਕ ਤਰੇ ਸਾਰ ॥ ੪ ॥ ੩ ॥ ਮਾਲੀ ਗਉੜਾ ਮਹਲਾ ੫ ॥ ਇਹੀ ਹਮਾਰੈ ਸਫਲ ਕਾਜ ॥ ਅਪੁਨੇ ਦਾਸ ਕਉ ਲੇਹੁ ਨਿਵਾਜਿ ॥ ੧ ॥ ਰਹਾਉ ॥ ਚਰਨ ਸੰਤਹ ਮਾਥ ਮੋਰ ॥ ਨੈਨਿ ਦਰਸੁ ਪੇਖਉ ਨਿਸਿ ਭੋਰ ॥ ਹਸਤ ਹਮਰੇ ਸੰਤ ਟਹਲ ॥ ਪ੍ਰਾਨ ਮਨੁ ਧਨੁ ਸੰਤ ਬਹਲ ॥ ੧ ॥ ਸੰਤਸੰਗਿ ਮੇਰੇ ਮਨ ਕੀ ਪ੍ਰੀਤਿ ॥ ਸੰਤ ਗੁਨ ਬਸਹਿ ਮੇਰੈ ਚੀਤਿ ॥ ਸੰਤ ਆਗਿਆ ਮਨਹਿ ਮੀਠ ॥ ਮੇਰਾ ਕਮਲੁ ਬਿਗਸੈ ਸੰਤ ਡੀਠ ॥ ੨ ॥ ਸੰਤਸੰਗਿ ਮੇਰਾ ਹੋਇ ਨਿਵਾਸੁ ॥ ਸੰਤਨ ਕੀ ਮੋਹਿ ਬਹੁਤੁ ਪਿਆਸ ॥ ਸੰਤ ਬਚਨ ਮੇਰੇ ਮਨਹਿ ਮੰਤ ॥ ਸੰਤ ਪ੍ਰਸਾਦਿ ਮੇਰੇ ਬਿਖੈ ਹੰਤ ॥ ੩ ॥ ਮੁਕਤਿ ਜੁਗਤਿ ਏਹਾ ਨਿਧਾਨ ॥ ਪ੍ਰਭ ਦਇਆਲ ਮੋਹਿ ਦੇਵਹੁ ਦਾਨ ॥ ਨਾਨਕ ਕਉ ਪ੍ਰਭ ਦਇਆ ਧਾਰਿ ॥ ਚਰਨ ਸੰਤਨ ਕੇ ਮੇਰੇ ਰਿਦੇ ਮਝਾਰਿ ॥ ੪ ॥ ੪ ॥ ਮਾਲੀ ਗਉੜਾ ਮਹਲਾ ੫ ॥ ਸਭ ਕੈ ਸੰਗੀ ਨਾਹੀ ਦੂਰਿ ॥ ਕਰਨ ਕਰਾਵਨ ਹਾਜਰਾ ਹਜੂਰਿ ॥ ੧ ॥ ਰਹਾਉ ॥ ਸੁਨਤ ਜੀਓ ਜਾਸੁ ਨਾਮੁ ॥ ਦੁਖ ਬਿਨਸੇ ਸੁਖ ਕੀਓ ਬਿਸ੍ਰਾਮੁ ॥ ਸਗਲ ਨਿਧਿ ਹਰਿ ਹਰਿ ਹਰੇ ॥ ਮੁਨਿ ਜਨ ਤਾ ਕੀ ਸੇਵ ਕਰੇ ॥ ੧ ॥ ਜਾ ਕੈ ਘਰਿ ਸਗਲੇ ਸਮਾਹਿ ॥ ਜਿਸ ਤੇ ਬਿਰਥਾ ਕੋਇ ਨਾਹਿ ॥ ਜੀਅ ਜੰਤ੍ਰ ਕਰੇ ਪ੍ਰਤਿਪਾਲ ॥ ਸਦਾ ਸਦਾ ਸੇਵਹੁ ਕਿਰਪਾਲ ॥ ੨ ॥ ਸਦਾ ਧਰਮੁ ਜਾ ਕੈ ਦੀਬਾਣਿ ॥ ਬੇਮੁਹਤਾਜ ਨਹੀ ਕਿਛੁ ਕਾਣਿ ॥ ਸਭ ਕਿਛੁ ਕਰਨਾ ਆਪਨ ਆਪਿ ॥ ਰੇ ਮਨ ਮੇਰੇ ਤੂ ਤਾ ਕਉ ਜਾਪਿ ॥ ੩ ॥ ਸਾਧਸੰਗਤਿ ਕਉ ਹਉ ਬਲਿਹਾਰ ॥ ਜਾਸੁ ਮਿਲਿ ਹੋਵੈ ਉਧਾਰੁ ॥ ਨਾਮ ਸੰਗਿ ਮਨ ਤਨਹਿ ਰਾਤ ॥ ਨਾਨਕ ਕਉ ਪ੍ਰਭਿ ਕਰੀ ਦਾਤਿ ॥ ੪ ॥ ੫ ॥

ਮਾਲੀ ਗਉੜਾ ਮਹਲਾ ੫ ਦੁਪਦੇ

ੴ ਸਤਿਗੁਰ ਪ੍ਰਸਾਦਿ ॥ ਹਰਿ ਸਮਰਥ ਕੀ ਸਰਨਾ ॥ ਜੀਉ ਪਿੰਡੁ ਧਨੁ ਰਾਸਿ ਮੇਰੀ ਪ੍ਰਭ ਏਕ ਕਾਰਨ ਕਰਨਾ ॥ ੧ ॥ ਰਹਾਉ ॥ ਸਿਮਰਿ ਸਿਮਰਿ ਸਦਾ ਸੁਖੁ ਪਾਈਐ ਜੀਵਣੈ ਕਾ ਮੂਲੁ ॥ ਰਵਿ ਰਹਿਆ ਸਰਬਤ ਠਾਈ ਸੂਖਮੋ ਅਸਥੂਲ

॥ ੧ ॥ ਆਲ ਜਾਲ ਬਿਕਾਰ ਤਜਿ ਸਭਿ ਹਰਿ ਗੁਨਾ ਨਿਤ ਗਾਉ ॥ ਕਰ ਜੋੜਿ ਨਾਨਕੁ ਦਾਨੁ ਮਾਂਗੈ ਦੇਹੁ ਅਪਨਾ ਨਾਉ ॥ ੨ ॥ ੧ ॥ ੬ ॥ ਮਾਲੀ ਗਉੜਾ ਮਹਲਾ ੫ ॥ ਪ੍ਰਭ ਸਮਰਥ ਦੇਵ ਅਪਾਰ ॥ ਕਉਨੁ ਜਾਨੈ ਚਲਿਤ ਤੇਰੇ ਕਿਛੁ ਅੰਤੁ ਨਾਹੀ ਪਾਰ ॥ ੧ ॥ ਰਹਾਉ ॥ ਇਕ ਖਿਨਹਿ ਥਾਪਿ ਉਥਾਪਦਾ ਘੜਿ ਭੰਨਿ ਕਰਨੈਹਾਰੁ ॥ ਜੇਤ ਕੀਨ ਉਪਾਰਜਨਾ ਪ੍ਰਭੁ ਦਾਨੁ ਦੇਇ ਦਾਤਾਰ ॥ ੧ ॥ ਹਰਿ ਸਰਨਿ ਆਇਓ ਦਾਸੁ ਤੇਰਾ ਪ੍ਰਭ ਊਚ ਅਗਮ ਮੁਰਾਰ ॥ ਕਢਿ ਲੇਹੁ ਭਉਜਲ ਬਿਖਮ ਤੇ ਜਨੁ ਨਾਨਕੁ ਸਦ ਬਲਿਹਾਰ ॥ ੨ ॥ ੨ ॥ ੭ ॥ ਮਾਲੀ ਗਉੜਾ ਮਹਲਾ ੫ ॥ ਮਨਿ ਤਨਿ ਬਸਿ ਰਹੇ ਗੋਪਾਲ ॥ ਦੀਨ ਬਾਂਧਵ ਭਗਤਿ ਵਛਲ ਸਦਾ ਸਦਾ ਕ੍ਰਿਪਾਲ ॥ ੧ ॥ ਰਹਾਉ ॥ ਆਦਿ ਅੰਤੇ ਮਧਿ ਤੂਹੈ ਪ੍ਰਭ ਬਿਨਾ ਨਾਹੀ ਕੋਇ ॥ ਪੂਰਿ ਰਹਿਆ ਸਗਲ ਮੰਡਲ ਏਕੁ ਸੁਆਮੀ ਸੋਇ ॥ ੧ ॥ ਕਰਨਿ ਹਰਿ ਜਸੁ ਨੇਤ੍ਰ ਦਰਸਨੁ ਰਸਨਿ ਹਰਿ ਗੁਨ ਗਾਉ ॥ ਬਲਿਹਾਰਿ ਜਾਏ ਸਦਾ ਨਾਨਕੁ ਦੇਹੁ ਅਪਣਾ ਨਾਉ ॥ ੨ ॥ ੩ ॥ ੮ ॥ ੬ ॥ ੧੪ ॥

ਮਾਲੀ ਗਉੜਾ ਬਾਣੀ ਭਗਤ ਨਾਮਦੇਵ ਜੀ ਕੀ

ੴ ਸਤਿਗੁਰ ਪ੍ਰਸਾਦਿ ॥

ਧਨਿ ਧੰਨਿ ਓ ਰਾਮ ਬੇਨੁ ਬਾਜੈ ॥ ਮਧੁਰ ਮਧੁਰ ਧੁਨਿ ਅਨਹਤ ਗਾਜੈ ॥ ੧ ॥ ਰਹਾਉ ॥ ਧਨਿ ਧਨਿ ਮੇਘਾ ਰੋਮਾਵਲੀ ॥ ਧਨਿ ਧਨਿ ਕ੍ਰਿਸਨ ਓਢੈ ਕਾਂਬਲੀ ॥ ੧ ॥ ਧਨਿ ਧਨਿ ਤੂ ਮਾਤਾ ਦੇਵਕੀ ॥ ਜਿਹ ਗ੍ਰਿਹ ਰਮਈਆ ਕਵਲਾਪਤੀ ॥ ੨ ॥ ਧਨਿ ਧਨਿ ਬਨ ਖੰਡ ਬਿੰਦ੍ਰਾਬਨਾ ॥ ਜਹ ਖੇਲੈ ਸ੍ਰੀ ਨਾਰਾਇਨਾ ॥ ੩ ॥ ਬੇਨੁ ਬਜਾਵੈ ਗੋਧਨੁ ਚਰੈ ॥ ਨਾਮੇ ਕੇ ਸੁਆਮੀ ਆਨਦ ਕਰੈ ॥ ੪ ॥ ੧ ॥ ਮੇਰੋ ਬਾਪੁ ਮਾਧਉ ਤੂ ਧਨੁ ਕੇਸੌ ਸਾਂਵਲੀਓ ਬੀਠੁਲਾਇ ॥ ੧ ॥ ਰਹਾਉ ॥ ਕਰ ਧਰੇ ਚਕ੍ਰ ਬੈਕੁੰਠ ਤੇ ਆਏ ਗਜ ਹਸਤੀ ਕੇ ਪ੍ਰਾਨ ਉਧਾਰੀਅਲੇ ॥ ਦੁਹਸਾਸਨ ਕੀ ਸਭਾ ਦ੍ਰੋਪਤੀ ਅੰਬਰ ਲੇਤ ਉਬਾਰੀਅਲੇ ॥ ੧ ॥ ਗੋਤਮ ਨਾਰਿ ਅਹਲਿਆ ਤਾਰੀ ਪਾਵਨ ਕੇਤਕ ਤਾਰੀਅਲੇ ॥ ਐਸਾ ਅਧਮੁ ਅਜਾਤਿ ਨਾਮਦੇਉ ਤਉ ਸਰਨਾਗਤਿ ਆਈਅਲੇ ॥ ੨ ॥ ੨ ॥ ਸਭੈ ਘਟ ਰਾਮੁ ਬੋਲੈ ਰਾਮਾ ਬੋਲੈ ॥ ਰਾਮ ਬਿਨਾ ਕੋ ਬੋਲੈ ਰੇ ॥ ੧ ॥ ਰਹਾਉ ॥ ਏਕਲ ਮਾਟੀ ਕੁੰਜਰ ਚੀਟੀ ਭਾਜਨ ਹੈਂ ਬਹੁ ਨਾਨਾ ਰੇ ॥ ਅਸਥਾਵਰ ਜੰਗਮ ਕੀਟ ਪਤੰਗਮ ਘਟਿ ਘਟਿ ਰਾਮੁ ਸਮਾਨਾ ਰੇ ॥ ੧ ॥ ਏਕਲ ਚਿੰਤਾ ਰਾਖੁ ਅਨੰਤਾ ਅਉਰ ਤਜਹੁ ਸਭ ਆਸਾ ਰੇ ॥ ਪ੍ਰਣਵੈ ਨਾਮਾ ਭਏ ਨਿਹਕਾਮਾ ਕੋ ਠਾਕੁਰੁ ਕੋ ਦਾਸਾ ਰੇ ॥ ੨ ॥ ੩ ॥